# ਪੰਜਾਬ ਸਕੂਲ ਸਿੱਖਿਆ ਬੋਰਡ

(ਪ੍ਰੈੱਸ ਨੋਟ)

## ਨਕਲ 'ਚ ਸ਼ਾਮਲ ਤਰਨ ਤਾਰਨ ਜ਼ਿਲ੍ਹੇ ਦੇ 7 ਸਕੂਲਾਂ ਦੀ ਅਫੀਲੀਏਸ਼ਨ ਰੱਦ ਕਰਨ ਦੀ ਕਾਰਵਾਈ ਬੋਰਡ ਵੱਲੋਂ ਸ਼ੁਰੂ

### ਇਨ੍ਹਾਂ ਸਕੂਲਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ

ਐੱਸ.ਏ.ਐੱਸ ਨਗਰ 2 ਮਾਰਚ ( ) ਪੰਜਾਬ ਸਰਕਾਰ ਦੇ ਸਵੱਛ ਸਿੱਖਿਆ ਪ੍ਰਬੰਧ ਦੇਣ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਸਿੱਖਿਆ ਮੰਤਰੀ ਅਰੁਨਾ ਚੌਧਰੀ ਦੀ ਅਗਵਾਈ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਚੱਲ ਰਹੀਆਂ ਬਾਰ੍ਹਵੀਂ ਦੀਆਂ ਪਰੀਖਿਆਵਾਂ ਦੌਰਾਨ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਵੱਲੋਂ ਖੁਦ ਪਰੀਖਿਆ ਪ੍ਰਬੰਧਾਂ ਦੀ ਕਮਾਨ ਸੰਭਾਲੀ ਹੈ ਤੇ ਪਰੀਖਿਆਵਾਂ ਦੌਰਾਨ ਨਕਲ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਾ ਕਰਨ ਦਾ ਸਖਤ ਸੰਦੇਸ਼ ਦਿੰਦਿਆਂ, ਸਿੱਖਿਆ ਸਕੱਤਰ ਦੇ ਆਦੇਸ਼ਾਂ ਤਹਿਤ ਪੰਜਾਬ ਸਕੂਲ ਬੋਰਡ ਵੱਲੋਂ ਬੋਰਡ ਨਾਲ ਅਫੀਲੀਏਟਿਡ ਤਰਨ ਤਾਰਨ ਦੇ ਸਰਹੱਦੀ ਖੇਤਰ ਦੇ ਸੱਤ ਪ੍ਰਾਈਵੇਟ ਸਕੂਲਾਂ, ਯੂਨਾਟਿਡ ਸੀਨੀਅਰ ਸੈਕੰਡਰੀ ਸਕੂਲ ਖੇਮ ਕਰਨ , ਗੁਰੂ ਕੁਲ ਪਬਲਿਕ ਸਕੂਲ (ਨਜਦੀਕ ਬੀ.ਐੱਸ.ਐੱਫ ਹੈਡਕੁਆਟਰ) ਖੇਮ ਕਰਨ , ਹਰੀ ਸਿੰਘ ਨਲੂਆ ਪਬਲਿਕ ਸਕੂਲ ਪੂਨੀਆਂ, ਸੰਤ ਸਿਪਾਹੀ ਪਬਲਿਕ ਸਕੂਲ ਠੱਠਾ, ਸ਼ਹੀਦ ਭਗਤ ਸਿੰਘ ਸਕੂਲ ਵਲਟੋਹਾ , ਸ੍ਰੀ ਬਾਲਾ ਜੀ ਸੀਨੀਅਰ ਸੈਕੰਡਰੀ ਸਕੂਲ ਖੇਮਕਰਨ, ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਵਲਟੋਹਾ, ਦੀ ਮਾਨਤਾ ਰੱਦ ਕਰਨ ਲਈ ਇਨ੍ਹਾਂ ਸਕੂਲਾਂ ਨੂੰ ਕਾਰਨ ਦੱਸੋ ਨੋਟਿਸ ਬੋਰਡ ਵੱਲੋਂ ਜਾਰੀ ਕੀਤਾ ਗਿਆ ਹੈ । ਇਨ੍ਹਾਂ ਸੱਤ ਸਕੂਲਾਂ ਦਾ ਰਿਕਾਰਡ ਸੀਲ ਕਰਕੇ ਐੱਸ ਡੀ ਐੱਮ ਪੱਟੀ ਵੱਲੋਂ ਕਬਜ਼ੇ ਵਿੱਚ ਲੈ ਲਿਆ ਗਿਆ ਹੈ।

ਬੋਰਡ ਦੇ ਬੁਲਾਰੇ ਨੇ ਦੱਸਿਆ ਕਿ 28 ਫਰਵਰੀ ਨੂੰ ਬਾਰ੍ਹਵੀਂ ਦੇ ਅੰਗਰੇਜ਼ੀ ਵਿਸ਼ੇ ਦੀ ਪਰੀਖਿਆ ਦੌਰਾਨ ਸਿੱਖਿਆ ਸਕੱਤਰ ਵੱਲੋਂ ਇਨ੍ਹਾਂ ਸਕੂਲਾਂ/ਸੈਂਟਰਾਂ ਦਾ ਦੌਰਾ ਕਰਨ ਤੇ ਦੇਖਿਆ ਕਿ ਇਨ੍ਹਾਂ ਸਕੂਲਾਂ ਵਿੱਚ ਵੱਡੀ ਪੱਧਰ ਤੇ ਦੂਜੇ ਜ਼ਿਲ੍ਹਿਆਂ ਦੇ ਓਪਨ ਸਕੂਲ ਸਕੀਮ ਅਧੀਨ ਵਿਦਿਆਰਥੀਆਂ ਦੇ ਨਕਲੀ ਦਾਖਲੇ ਕਰਕੇ , ਇਥੇ ਪਰੀਖਿਆ ਦਿਵਾ ਕੇ ਉਨ੍ਹਾਂ ਨੂੰ ਸ਼ਰਤੀਆ ਪਾਸ ਕਰਵਾਉਣ ਲਈ ਪੈਸੇ ਲੈਣ ਦਾ ਗੋਰਖ ਧੰਦਾ ਚਲਾਇਆ ਜਾ ਰਿਹਾ ਹੈ।

ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਬੋਰਡ ਦੇ ਸਕੱਤਰ ਸ੍ਰੀਮਤੀ ਹਰਗੁਣਜੀਤ ਕੌਰ ਨੇ ਇਨ੍ਹਾਂ ਸਕੂਲਾਂ ਵਿਰੁੱਧ ਸਖਤ ਐਕਸ਼ਨ ਲੈਣ ਦੀ ਕਾਰਵਾਈ ਆਰੰਭ ਦਿੱਤੀ ਹੈ ਤੇ ਇਨ੍ਹਾਂ ਸਕੂਲਾਂ ਨੂੰ ਐਫੀਲੀਏਸ਼ਨ ਰੱਦ ਕਰਨ ਦੋਂ ਪਹਿਲਾ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਹੈ। ਬੋਰਡ ਦੀ ਸਕੱਤਰ ਨੇ ਕਿਹਾ ਕਿ ਇਨ੍ਹਾਂ ਸਕੂਲਾਂ ਨੇ ਐਫੀਲੀਏਸ਼ਨ ਦੇ ਵਿਨਿਯਮਾਂ ਦੀ ਉਲੰਘਣਾ ਕੀਤੀ ਹੈ। ਉਨ੍ਹਾਂ ਦੱਸਿਆ ਕਿ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਵਲਟੋਹਾ ਦੀ ਬੋਰਡ ਦੇ ਵਿਨਿਯਮਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਬੋਰਡ ਵੱਲੋਂ ਇੱਕ ਮਹੀਨਾ ਪਹਿਲਾਂ ਹੀ ਅਫੀਲੀਏਸ਼ਨ ਰੱਦ ਕੀਤੀ ਜਾ ਚੁੱਕੀ ਹੈ।

ਮਿਤੀ:-02-03-2018

ਕੋਮਲ ਸਿੰਘ

(ਲੋਕ ਸੰਪਰਕ ਦਫ਼ਤਰ) ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner